ਪੰਜਾਬੀ ਜਾਗਰਣ




ਲੇਖ ਪੇਂਟਿੰਗ ਅਤੇ ਸਲੋਗਨ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀ।

# ਲੇਖ, ਪੇਂਟਿੰਗ ਤੇ ਸਲੋਗਨ ਮੁਕਾਬਲੇ ਕਰਵਾਏ

**ਦਰਸ਼ਨ ਸਿੰਘ ਚੌਹਾਨ•ਪੰਜਾਬੀ ਜਾਗਰਣ, ਸੁਨਾਮ** : ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਵਿਖੇ ਪ੍ਰਿੰਸੀਪਲ ਪ੍ਰੋਫੈਸਰ ਡਾ.ਸੁਖਵਿੰਦਰ ਸਿੰਘ ਦੀ ਰਹਿਨੁਮਾਈ ਅਤੇ ਰੈੱਡ ਰਿਬਨ ਕਲੱਬ ਦੇ ਇੰਚਾਰਜ ਡਾਕਟਰ ਗਗਨਦੀਪ ਸਿੰਘ ਦੀ ਨਿਗਰਾਨੀ ਵਿੱਚ ਵਿਦਿਆਰਥੀਆਂ ਦੇ "ਵਿਸ਼ਵ ਖ਼ੂਨਦਾਨ ਦਿਵਸ" ਸਬੰਧੀ ਲੇਖ, ਪੇਂਟਿੰਗ ਅਤੇ ਸਲੋਗਨ ਮੁਕਾਬਲੇ ਕਰਵਾਏ ਗਏ। ਇਸ ਮੌਕੇ ਵਿਦਿਆਰਥੀਆਂ ਨੂੰ ਖ਼ੂਨਦਾਨ ਕਰਨ ਦੇ ਮਹੱਤਵ ਤੋਂ ਜਾਣੂ ਕਰਵਾਇਆ, ਜੇਤੂ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਪੇਂਟਿੰਗ ਮੁਕਾਬਲਿਆਂ ਦੇ ਵਿੱਚ ਮਨਜੀਤ ਕੌਰ ਤੇ ਹਰਪ੍ਰੀਤ ਕੌਰ ਨੇ ਪਹਿਲਾ ਦੂਜਾ ਸਥਾਨ ਹਾਸਲ ਕੀਤਾ। ਸਲੋਗਨ ਮੁਕਾਬਲਿਆਂ ਵਿੱਚ ਮਨਪ੍ਰੀਤ ਕੌਰ, ਪੂਜਾ ਰਾਣੀ ਤੇ ਜਸਪਾਲ ਕੌਰ ਨੇ ਪਹਿਲਾ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਲੇਖ ਮੁਕਾਬਲਿਆਂ ਵਿੱਚ ਸੀਮਾ ਖਾਨ, ਅਮਨਪ੍ਰੀਤ ਕੌਰ ਤੇ ਸੰਜਨਾ ਨੇ ਕਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਵਾਈਸ ਪ੍ਰਿੰਸੀਪਲ ਡਾਕਟਰ ਅਚਲਾ, ਸਹਾਇਕ ਪ੍ਰੋਫੈਸਰ ਨਰਦੀਪ ਸਿੰਘ,ਪ੍ਰਭਜੀਤ ਕੌਰ ਅਤੇ ਸਟਾਫ ਮੈਂਬਰ ਹਾਜ਼ਰ ਸਨ।